ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਬੇਘਰੇ ਤੇ ਲੋੜਵੰਦ ਲੋਕਾਂ ਨੂੰ ਰਿਆਇਤੀ ਦਰਾਂ 'ਤੇ ਖਾਣਾ ਮੁਹੱਈਆ ਕਰਵਾਉਣ ਲਈ 'ਸਸਤੀ ਰਸੋਈ' ਸਕੀਮ ਹੋਵੇਗੀ ਸ਼ੁਰੂ-ਡਿਪਟੀ ਕਮਿਸ਼ਨਰ

- **ਲੋੜਵੰਦ ਵਿਅਕਤੀਆਂ ਨੂੰ 10 ਰੁਪਏ ਪ੍ਰਤੀ ਖਾਣਾ ਮੁਹੱਈਆ ਕਰਵਾਇਆ ਜਾਵੇਗਾ**
- **ਸਮਾਜ ਸੇਵੀ ਸੰਸਥਾਵਾਂ ਵੱਲੋ ਜ਼ਿਲ੍ਹਾ ਪ੍ਰਸ਼ਾਸਨ ਨੂੰ ਪੂਰਣ ਸਹਿਯੋਗ ਦੇਣ ਦਾ ਦਿਵਾਇਆ ਵਿਸ਼ਵਾਸ਼**

ਮੋਗਾ 19 ਮਈ:

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੇਘਰੇ ਤੇ ਲੋੜਵੰਦ ਲੋਕਾਂ ਨੂੰ ਰਿਆਇਤੀ ਦਰਾਂ 'ਤੇ ਖਾਣਾ ਮੁਹੱਈਆ ਕਰਵਾਉਣ ਲਈ ਜ਼ਿਲ੍ਹੇ ਵਿੱਚ 'ਸਸਤੀ ਰਸੋਈ' ਸਕੀਮ ਸ਼ੁਰੂ ਕੀਤੀ ਜਾਵੇਗੀ, ਜਿਸ ਵਿੱਚ ਬੇਘਰੇ ਅਤੇ ਲੋੜਵੰਦ ਵਿਅਕਤੀਆਂ ਨੂੰ 10 ਰੁਪਏ ਪ੍ਰਤੀ ਖਾਣਾ ਮੁਹੱਈਆ ਕਰਵਾਇਆ ਜਾਵੇਗਾ।

ਇਹ ਪ੍ਰਗਟਾਵਾ ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਨੇ ਅੱਜ ਜ਼ਿਲ੍ਹੇ ਵਿੱਚ 'ਸਸਤੀ ਰਸੋਈ' ਸਕੀਮ ਸ਼ੁਰੂ ਕਰਨ ਲਈ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਜ਼ਿਲ੍ਹੇ ਦੇ ਸਮਾਜ ਸੇਵੀ ਸੰਸਥਾਵਾਂ ਤੇ ਐਸੋਸੀਏਸ਼ਨਾਂ ਦੇ ਨੁਮਾਇੰਦਿਆਂ ਨਾਲ ਬੁਲਾਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਸ. ਦਿਲਰਾਜ ਸਿੰਘ ਨੇ ਦੱਸਿਆ ਕਿ ਇਹ ਸਕੀਮ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਵੱਲੋਂ ਸਮਾਜ ਸੇਵੀ ਸੰਸਥਾਵਾਂ/ਐਸੋਸੀਏਸ਼ਨਾਂ ਅਤੇ ਹੋਰ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਜਾਵੇਗੀ ਅਤੇ ਬਿਨਾਂ ਕਿਸੇ ਮੁਨਾਫ਼ੇ ਦੇ, ਸੇਵਾ ਭਾਵ ਨਾਲ ਚਲਾਈ ਜਾਵੇਗੀ।ਉਨ੍ਹਾਂ ਦੱਸਿਆ ਕਿ ਲੋੜਵੰਦ ਤੇ ਬੇਘਰੇ ਲੋਕਾਂ ਨੂੰ ਖਾਣਾ ਜ਼ਿਲ੍ਹਾ ਰੈਡ ਕਰਾਸ ਵੱਲੋਂ ਬਣਾਏ ਰਿਫਰੈਸ਼ਮੈਂਟ ਪੁਆਇੰਟ ਤੋਂ ਦਿੱਤਾ ਜਾਵੇਗਾ। ਇਸ ਸਕੀਮ ਨੂੰ ਸਫ਼ਲਤਾ ਪੂਰਵਿਕ ਨੇਪਰੇ ਚੜ੍ਹਾਉਣ ਲਈ ਮੀਟਿੰਗ ਵਿੱਚ ਹਾਜਰ ਆਏ ਸਮਾਜ ਸੇਵੀ ਸੰਸਥਾਵਾਂ ਅਤੇ ਐਸੋਸੀਏਸ਼ਨਾਂ ਦੇ ਅਹੁਦੇਦਾਰਾਂ ਵੱਲੋ ਵਿਸ਼ਵਾਸ ਦਿਵਾਇਆ ਗਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਉਨ੍ਹਾਂ ਵੱਲੋ ਪੂਰਣ ਸਹਿਯੋਗ ਦਿੱਤਾ ਜਾਵੇਗਾ ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਜੇ ਕੁਮਾਰ ਸੂਦ, ਸਹਾਇਕ ਕਮਿਸ਼ਨਰ ਡਾ: ਪਾਲਿਕਾ ਅਰੋੜਾ, ਐਸ.ਡੀ.ਐਮ ਮੋਗਾ ਚਰਨਦੀਪ ਸਿੰਘ, ਡਿਪਟੀ ਮੇਅਰ ਜਰਨੈਲ ਸਿੰਘ, ਸਕੱਤਰ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਸਤਿਨਾਮ ਸਿੰਘ, ਪ੍ਰਧਾਨ ਗੋਪਾਲ ਗਊਸ਼ਾਲਾ ਚਮਨ ਲਾਲ ਗੋਇਲ, ਜ਼ਿਲ੍ਹਾ ਐਨ.ਜੀ.ਓ ਕੋ-ਆਰਡੀਨੇਟਰ ਐਸ.ਕੇ.ਬਾਂਸਲ, ਸਮਾਜ ਸੇਵੀ ਗੁਰਸੇਵਕ ਸਿੰਘ ਸੰਨਿਆਸੀ, ਸੁਖਜਿੰਦਰ ਸਿੰਘ ਪ੍ਰਧਾਨ ਪੈਟਰੋਲ ਪੰਪ, ਅਵਿਨਾਸ਼ ਗੁਪਤਾ, ਮਨਜੀਤ ਕਾਂਸਲ ਚੇਅਰਮੈਨ ਮੈਰਿਜ ਪੈਲੇਸ ਐਸੋਸੀਏਸ਼ਨ, ਜਤਿੰਦਰ ਬਹਿਲ ਨਿਸ਼ਕਾਮ ਸੇਵਾ ਸੋਸਾਇਟੀ, ਸਮਾਜ ਸੇਵੀ ਕਲੱਬਾਂ, ਆੜ੍ਹਤੀ ਐਸੋਸੀਏਸ਼ਨ, ਗੈਸ ਏਜੰਸੀ, ਭੱਠਾ ਐਸੋਸੀਏਸ਼ਨ ਆਦਿ ਸੰਸਥਾਵਾਂ ਦੇ ਅਹੁਦੇਦਾਰ/ਪ੍ਰਧਾਨ ਹਾਜ਼ਰ ਸਨ।

-------------

ਨੰ: ਪੀ.ਆਰ(ਪ੍ਰੈ ਰੀ)2017/273





